ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ
ਕਨਟੇਨਮੈਂਟ ਜ਼ੋਨਾਂ ’ਚ ਜ਼ਰੂਰੀ ਵਸਤਾਂ ਦੀ ਨਿਰਵਿਘਨ ਸਪਲਾਈ ਜਾਰੀ: ਡਿਪਟੀ ਕਮਿਸ਼ਨਰ
* ਮੈਡੀਕਲ ਸਹਾਇਤਾ ਲਈ ਰੈਪਿਡ ਰਿਸਪੌਂਸ ਟੀਮਾਂ ਤਾਇਨਾਤ
* ਡਿਪਟੀ ਕਮਿਸ਼ਨਰ ਵੱਲੋਂ ਸੇਖਾ ਫਾਟਕ ਖੇਤਰ ਅਤੇ ਮਹਿਲ ਕਲਾਂ ਕੰਟੇਨਮੈਂਟ ਜ਼ੋਨਾਂ ਵਿਚ ਜ਼ਰੂਰੀ ਪ੍ਰਬੰਧਾਂ ਦਾ ਜਾਇਜ਼ਾ
* ਵੱਖ ਵੱਖ ਵਿਭਾਗਾਂ ਨੂੰ ਹੈਲਪ ਡੈਸਕ ਬਣਾ ਕੇ ਨੁਮਾਇੰਦੇ ਮੌਕੇ ’ਤੇ ਹਾਜ਼ਰ ਰੱਖਣ ਦੇ ਨਿਰਦੇਸ਼

ਬਰਨਾਲਾ, **13** ਅਪਰੈਲ
ਜ਼ਿਲਾ ਬਰਨਾਲਾ ਵਿਚ ਕੰਟੇਨਮੈਂਟ ਜ਼ੋਨ ਐਲਾਨੇ ਸੇਖਾ ਰੋਡ ਨਾਲ ਬਰਨਾਲਾ ਖੇਤਰ ਦੇ **6** ਵਾਰਡਾਂ ਅਤੇ ਮਹਿਲ ਕਲਾਂ ਵਿੱਚ ਮੈਡੀਕਲ ਸੇਵਾਵਾਂ ਲਈ ਆਰਆਰਟੀਜ਼ (ਰੈਪਿਡ ਰਿਸਪੌਂਸ ਟੀਮਾਂ ) ਤਾਇਨਾਤ ਕੀਤੀਆਂ ਗਈਆਂ ਹਨ ਤਾਂ ਜੋ ਲੋਕਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਸੇਖਾ ਰੋਡ ਖੇਤਰ ਦੇ ਵਾਰਡ ਨੰਬਰ **13, 15, 16, 17, 18** ਤੇ **19** ਵਿੱਚ ਮੈਡੀਕਲ ਸੇਵਾਵਾਂ ਅਤੇ ਜ਼ਰੂਰੀ ਵਸਤਾਂ ਦੀ ਸਪਲਾਈ ਦਾ ਜਾਇਜ਼ਾ ਲੈਣ ਮੌਕੇ ਕੀਤਾ। ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ ਵੀ ਮੌਜੂਦ ਸਨ।
ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੇਖਾ ਰੋਡ ਖੇਤਰ ਅਤੇ ਮਹਿਲ ਕਲਾਂ ਕੰਟੇਨਮੈਂਟ ਜ਼ੋਨ ਐਲਾਨੇ ਗਏ ਹਨ ਅਤੇ ਇਨਾਂ ਇਲਾਕਿਆਂ ਦੇ ਵਾਸੀਆਂ ਨੂੰ **14** ਦਿਨਾਂ ਲਈ ਇਕਾਂਤਵਾਸ ਕੀਤਾ ਗਿਆ ਹੈ। ਇਨਾਂ ਖੇਤਰਾਂ ਵਿਚ ਲੋਕਾਂ ਨੂੰ ਜ਼ਰੂਰੀ ਵਸਤਾਂ ਅਤੇ ਮੈਡੀਕਲ ਸੇਵਾਵਾਂ ਦੀ ਕੋਈ ਦਿੱਕਤ ਪੇਸ਼ ਨਾ ਆਵੇ, ਇਸ ਵਾਸਤੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਕੰਟੇਨਮੈਂਟ ਜ਼ੋਨਾਂ ਵਿਚ ਸਵੇਰੇ **7** ਤੋਂ **10** ਵਜੇ ਤੱਕ ਅਤੇ ਸ਼ਾਮ **4** ਤੋਂ **5** ਵਜੇ ਤੱਕ ਆਰਆਰਟੀਜ਼ ਮੈਡੀਕਲ ਸੇਵਾਵਾਂ ਲਈ ਤਾਇਨਾਤ ਕੀਤੀਆਂ ਗਈਆਂ ਹਨ, ਇਸ ਤੋਂ ਇਲਾਵਾ ਐਮਰਜੈਂਸੀ ਸੇਵਾਵਾਂ ਲਈ ਸਿਵਲ ਹਸਪਤਾਲਾਂ ਵਿਚ ਡਾਕਟਰਾਂ ਦੀ ਡਿਊਟੀ ਲਗਾਈ ਗਈ ਹੈ, ਜਿਨਾਂ ਨੂੰ ਲੋੜ ਪੈਣ ’ਤੇ ਸੇਵਾਵਾਂ ਦੇਣ ਲਈ ਮੌਕੇ ’ਤੇ ਭੇਜਣ ਦਾ ਪ੍ਰਬੰਧ ਹੈ।
ਉਨਾਂ ਦੱਸਿਆ ਕਿ ਕੰਟੇਨਮੈਂਟ ਜ਼ੋਨਾਂ ਵਿਚ ਦੁੱਧ ਦੀ ਸਪਲਾਈ, ਫਲ-ਸਬਜ਼ੀਆਂ, ਰਾਸ਼ਨ ਦੀ ਸਪਲਾਈ ਅਤੇ ਸੈਨੇਟਾਈਜ਼ੇਸ਼ਨ ਵਿਭਾਗ ਮੁਖੀਆਂ ਦੀ ਨਿਗਰਾਨੀ ਹੇਠ ਹੋ ਰਹੀ ਹੈ। ਇਸ ਤੋਂ ਇਲਾਵਾ ਕਰਿਆਨੇ ਤੋਂ ਰਾਸ਼ਨ ਦੀ ਨਿਰਵਿਘਨ ਸਪਲਾਈ ਲਈ ਫੂਡ ਸਪਲਾਈ ਵਿਭਾਗ, ਸਿਹਤ ਸੇਵਾਵਾਂ ਲਈ ਸਿਵਲ ਸਰਜਨ, ਦੁੱਧ ਦੀ ਸਪਲਾਈ ਲਈ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ, ਸਾਫ-ਸਫਾਈ ਲਈ ਕਾਰਜਸਾਧਕ ਅਫਸਰ ਨਗਰ ਕੌਂਸਲ ਬਰਨਾਲਾ ਆਦਿ ਹੈਲਪ ਡੈਸਕ ਬਣਾ ਕੇ ਆਪਣੇ ਨੁਮਾਇੰਦੇ ਮੌਕੇ ’ਤੇ ਹਾਜ਼ਰ ਰੱਖਣ ਦੇ ਨਿਰਦੇਸ਼ ਦਿੱਤੇ ਗਏ ਹਨ।
ਇਸ ਤੋਂ ਇਲਾਵਾ ਜਿੱਥੇ ਤਿੰਨ ਸ਼ਿਫਟਾਂ ਵਿਚ **24** ਘੰਟੇ ਸੇਵਾਵਾਂ ਦੇਣ ਲਈ ਡਿਊਟੀ ਮੈਜਿਸਟ੍ਰੇਟ ਲਾਏ ਗਏ ਹਨ, ਉਥੇ ਤਿੰਨ ਸ਼ਿਫਟਾਂ ਵਿਚ ਪਟਵਾਰੀਆਂ ਦੀਆਂ ਡਿਊਟੀਆਂ ਕੰਟੇਨਮੈਂਟ ਜ਼ੋਨ ਵਿਚ ਜ਼ਰੂਰੀ ਵਸਤਾਂ ਦੀ ਸਪਲਾਈ ਯਕੀਨੀ ਬਣਾਉਣ ਲਈ ਲਾਈਆਂ ਗਈਆਂ ਹਨ। ਉਨਾਂ ਕਿਹਾ ਕਿ ਇਸ ਦੇ ਬਾਵਜੂਦ ਵੀ ਜੇਕਰ ਕਿਸੇ ਵਿਅਕਤੀ ਨੂੰ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਕੰਟਰੋਲ ਰੂਮ ਦੇ ਨੰਬਰ **01679-230032** ਜਾਂ **99152-74032** ’ਤੇ ਸੰਪਰਕ ਕੀਤਾ ਜਾ ਸਕਦਾ ਹੈ।
ਇਸ ਦੌਰਾਨ ਡਿਪਟੀ ਕਮਿਸ਼ਨਰ ਅਤੇ ਸਿਵਲ ਸਰਜਨ ਬਰਨਾਲਾ ਵੱਲੋਂ ਮਹਿਲ ਕਲਾਂ ਕੰਟੇਨਮੈਂਟ ਜ਼ੋਨ ਵਿਚ ਵੀ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਜ਼ਰੂਰੀ ਵਸਤਾਂ ਦੀ ਸਪਲਾਈ ਦੀ ਚੈਕਿੰਗ ਕੀਤੀ ਗਈ।

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ
ਕਣਕ ਦੀ ਨਿਰਵਿਘਨ ਖ਼ਰੀਦ ਭਲਕ ਤੋਂ: ਡਿਪਟੀ ਕਮਿਸ਼ਨਰ
* ਖ਼ਰੀਦ ਲਈ 98 ਮੰਡੀਆਂ ਤੋਂ ਇਲਾਵਾ ਸੰਭਾਲ ਲਈ 107 ਪ੍ਰਾਈਵੇਟ ਸ਼ੈਲਰਾਂ ਦੀ ਸ਼ਨਾਖ਼ਤ
* ਮੰਡੀ ’ਚ ਕਣਕ ਲਿਆਉਣ ਸਮੇਂ ਅਸਲ ਪਾਸ ਦਿਖਾਉਣਾ ਹੋਵੇਗਾ ਲਾਜ਼ਮੀ
* ਮੰਡੀਆਂ ਵਿਚ ਸਮਾਜਿਕ ਦੂਰੀ ਤੇ ਸੁਖਾਵੇਂ ਪ੍ਰਬੰਧਾਂ ਲਈ 500 ਤੋਂ ਵੱਧ ਵਲੰਟੀਅਰ ਰੱਖਣਗੇ ਬਾਜ਼ ਅੱਖ
ਬਰਨਾਲਾ, 13 ਅਪਰੈਲ
ਕਰੋਨਾ ਵਾਇਰਸ ਦੇ ਮੱਦੇਨਜ਼ਰ ਜ਼ਿਲੇ ਦੀਆਂ ਮੰਡੀਆਂ ’ਚ ਕਣਕ ਦੀ ਫਸਲ ਲਿਆਉਣ ਸਮੇਂ ਕਿਸਾਨਾਂ ਨੂੰ ਕਿਸੇ ਪ੍ਰਕਾਰ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਕਣਕ ਦੀ ਨਿਰਵਿਘਨ ਖ਼ਰੀਦ 15 ਅਪਰੈਲ ਤੋਂ ਸ਼ੁਰੂ ਹੋ ਜਾਵੇਗੀ। ਮੰਡੀ ਵਿਚ ਕਣਕ ਲਿਆਉਣ ਸਮੇਂ ਕਿਸਾਨਾਂ ਨੂੰ ਵਿਸ਼ੇਸ਼ ਪਾਸ ਜਾਰੀ ਕੀਤੇ ਜਾਣਗੇ। ਕਣਕ ਦੀ ਕਟਾਈ ਲਈ ਕੰਬਾਇਨ ਚਲਾਉਣ ਦਾ ਸਮਾਂ ਸਵੇਰੇ 8 ਤੋਂ ਸ਼ਾਮ 7 ਵਜੇ ਤੱਕ ਹੋਵੇਗਾ। ਇਸ ਤੋਂ ਇਲਾਵਾ ਸੁਚਾਰੂ ਪ੍ਰਬੰਧਾਂ ਲਈ ਜ਼ਿਲੇ ਦੀਆਂ ਮੰਡੀਆਂ/ਸ਼ੈਲਰਾਂ ਵਿਚ ਜੀਓਜੀ ਦੀ ਅਗਵਾਈ ਵਿਚ 500 ਤੋਂ ਵੱਧ ਯੁਵਕ ਸੇਵਾਵਾਂ/ਰੈੱਡ ਕ੍ਰਾਸ ਵਲੰਟੀਅਰ ਤਾਇਨਾਤ ਰਹਿਣਗੇ। ਇਹ ਜਾਣਕਾਰੀ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦਿੱਤੀ।
ਕਿਸਾਨਾਂ ਦੀ ਸਿਹਤ ਅਤੇ ਫ਼ਸਲ ਦੀ ਸਾਂਭ-ਸੰਭਾਲ ਲਈ ਕੀਤੇ ਗਏ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ ਉਨਾਂ ਦੱਸਿਆ ਕਿ ਜ਼ਿਲੇ ਅੰਦਰ 98 ਮੰਡੀਆਂ ’ਚ ਕਣਕ ਦੀ ਖ਼ਰੀਦ ਕੀਤੀ ਜਾਵੇਗੀ। ਇਸ ਤੋਂ ਇਲਾਵਾ ਕਣਕ ਰਖਾਉਣ ਲਈ 107 ਪ੍ਰਾਈਵੇਟ ਸ਼ੈਲਰਾਂ ਦਾ ਪ੍ਰਬੰਧ ਕੀਤਾ ਗਿਆ ਹੈ। ਉਨਾਂ ਕਿਹਾ ਕਿ ਹਰ ਕਿਸਾਨ ਲਈ ਮੰਡੀ ਨਿਰਧਾਰਿਤ ਕੀਤੀ ਜਾਵੇਗੀ। ਕਿਸਾਨਾਂ ਨੂੰ ਮੰਡੀ ਵਿਚ ਕਣਕ ਦੀ ਜਿਣਸ ਨੂੰ ਲਿਆਉਣ ਲਈ ਆੜਤੀਆਂ ਰਾਹੀਂ ਪਾਸ ਜਾਰੀ ਕੀਤੇ ਜਾ ਰਹੇ ਹਨ। ਇਹ ਪਾਸ ਮਾਰਕੀਟ ਕਮੇਟੀ ਵੱਲੋਂ 72 ਘੰਟੇ ਪਹਿਲਾਂ ਆੜਤੀਆਂ ਰਾਹੀਂ ਕਿਸਾਨਾਂ ਨੂੰ ਜਾਰੀ ਕੀਤੇ ਜਾਣਗੇ ਤਾਂ ਜੋ ਕਿਸਾਨ ਸਮੇਂ ਸਿਰ ਆਪਣੀ ਜਿਣਸ ਮੰਡੀਆਂ ਵਿਚ ਲਿਆ ਸਕਣ।
ਉਨਾਂ ਇਹ ਵੀ ਸਪੱਸ਼ਟ ਕੀਤਾ ਕਿ ਕਿਸਾਨ ਨੂੰ ਪਾਸ ਦੀ ਮਿਤੀ ਵਾਲੇ ਦਿਨ ਹੀ ਆਪਣੀ ਕਣਕ ਮੰਡੀ ਵਿਚ ਲਿਜਾਣ ਦੀ ਆਗਿਆ ਹੋਵੇਗੀ। ਮੰਡੀ ਵਿਚ ਫ਼ਸਲ ਲਿਆਉਣ ਸਮੇਂ ਅਸਲੀ ਪਾਸ ਦਿਖਾਉਣਾ ਲਾਜ਼ਮੀ ਹੋਵੇਗਾ। ਉਨਾਂ ਇਹ ਵੀ ਕਿਹਾ ਕਿ ਪਾਸ ਦੀ ਫ਼ੋਟੋ ਕਾਪੀ ਨਹੀਂ ਮੰਨੀ ਜਾਵੇਗੀ ਅਤੇ ਪਾਸ ਨਾਲ ਛੇੜਛਾੜ ਕਰਨ ਵਾਲਿਆਂ ਖਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨਾਂ ਦੱਸਿਆ ਕਿ ਜ਼ਿਲਾ ਪ੍ਰਸ਼ਾਸਨ ਵੱਲੋਂ ਮੰਡੀਆਂ ਵਿਚ ਫਸਲ ਦੀ ਸੁਖਾਵੀ ਆਮਦ, ਸਮਾਜਿਕ ਦੂਰੀ ਤੇ ਹੋਰ ਪ੍ਰਬੰਧਾਂ ਨੂੰ ਸੁਚੱਜਾ ਬਣਾਉਣ ਲਈ 500 ਤੋਂ ਵੱਧ ਵਲੰਟੀਅਰ ਤਾਇਨਾਤ ਰਹਿਣਗੇ।
ਉਨਾਂ ਇਹ ਵੀ ਦੱਸਿਆ ਕਿ ਮੰਡੀਆਂ ਅਤੇ ਸਮੂਹ ਖ਼ਰੀਦ ਕੇਂਦਰਾਂ ਵਿਚ ਮਾਰਕਿਟ ਕਮੇਟੀ ਵਲੋਂ ਕਿਸਾਨਾਂ ਲਈ ਪੀਣ ਵਾਲੇ ਪਾਣੀ ਤੇ ਹੋਰ ਸੰਭਵ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨਾਂ ਅਧਿਕਾਰੀਆਂ ਨੂੰ ਇਹ ਵੀ ਖ਼ਾਸ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਕਿਸੇ ਤਰਾਂ ਦੀ ਕੋਈ ਦਿੱਕਤ ਪੇਸ਼ ਨਾ ਆਉਣ ਦਿੱਤੀ ਜਾਵੇ। ਉਨਾਂ ਕਿਸਾਨਾਂ ਨੂੰ ਇਕ ਵਾਰ ਫਿਰ ਅਪੀਲ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਕਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਦੇ ਮੱਦੇਨਜ਼ਰ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਸਮਾਜਿਕ ਦੂਰੀ ਬਣਾ ਕੇ ਰੱਖਣ ਯਕੀਨੀ ਬਣਾਉਣ।
ਜ਼ਿਲਾ ਮੰਡੀ ਅਫ਼ਸਰ ਸ. ਜਸਪਾਲ ਸਿੰਘ ਨੇ ਦੱਸਿਆ ਕਿ ਜ਼ਿਲੇ ਅੰਦਰ 98 ਮੰਡੀਆਂ ’ਚ ਕਣਕ ਦੀ ਖ਼ਰੀਦ ਕੀਤੀ ਜਾਵੇਗੀ। ਇਸ ਤੋਂ ਇਲਾਵਾ ਕਿਸਾਨਾਂ ਨੂੰ ਖ਼ਰੀਦ ਦੌਰਾਨ ਕਿਸੇ ਤਰਾਂ ਦੀ ਦਿੱਕਤ ਨਾ ਆਉਣ ਦੇ ਮੱਦੇਨਜ਼ਰ ਕਣਕ ਰਖਾਉਣ ਲਈ 107 ਪ੍ਰਾਈਵੇਟ ਸ਼ੈਲਰਾਂ ਦਾ ਪ੍ਰਬੰਧ ਕੀਤਾ ਗਿਆ ਹੈ। ਉਨਾਂ ਦੱਸਿਆ ਕਿ ਮੰਡੀਆਂ ਵਿਚ 30  30 ਦੇ ਖਾਨੇ ਬਣਾਏ ਗਏ ਹਨ ਤਾਂ ਜੋ ਕਣਕ ਦੀਆਂ ਢੇਰੀਆਂ ਢੁਕਵੀਂ ਦੂਰੀ ’ਤੇ ਕਰਵਾਈਆਂ ਜਾ ਸਕਣ।

## Elaborate arrangements for smooth wheat procurement in Barnala

- **More than 500 volunteers to keep close eye at purchase centres to ensure guidelines against COVID 19**
- **Marking done at grain markets/yards to ensure social distancing and other measures**

- **98 grain markets/purchase centres and 107 rice mills for hassle-free procurement**

**Barnala, April 13**
**District Administration has been made elaborate preparations for smooth and hassle-free procurement of wheat in the district. This was stated by Deputy Commissioner Barnala Mr. Tej Partap Singh Phoolka.**
**Deputy Commissioner said that wheat procurement will start on April 15. While bringing wheat to the market/purchase centres, special passes are being issued to the farmers. To ensure wide arrangements and to comply with guidelines of the Punjab Government, more than 500 Youth Services/Red Cross Volunteers will be deployed under the guidance of GOG. There are 62 GOG are in district and 2 or 3 volunteer will be deployed for every purchase centre/rice mills, so that farmers, labour or any person associated with procurement process could not face any difficulty.**
**Mr. Phoolka said that there are 98 grain markets/purchase centres in district and 107 rice mills have been arranged amid circumstances due to covid 19. Passes are being issued to farmers to bring wheat to the market. These passes will be issued to the farmers 72 hours in advance by the market committee so that farmers can bring their crop on time. He also made it clear that original pass must be shown; photo copy will be not allowed.**
**DMO Jaspal Singh said that wheat will be procured in 98 purchase centres in the district. In addition, 107 rice mills have been arranged. He said that marking has been done at purchase centres to maintain social distancing.**